ਸੀਸ ਸਸਕਾਰ ਦਿਵਸ ਦੀਆਂ ਤਿਆਰੀਆਂ ਜ਼ੋਰਾਂ 'ਤੇ

ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ - ਭਾਈ ਚਾਵਲਾ

ਸ੍ਰੀ ਅਨੰਦਪੁਰ ਸਾਹਿਬ, 8 ਦਸੰਬਰ (ਜੇ ਐਸ ਨਿੱਕੂਵਾਲ)- ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਤੋਂ ਬਾਅਦ ਭਾਈ ਜੈਤਾ ਜੀ ਵਲੋਂ ਉਨ੍ਹਾਂ ਦਾ ਸੀਸ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਪੁੱਜਣ ਤੋਂ ਉਪਰੰਤ ਸਾਹਿਬ ਏ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਸੀਸ ਦਾ ਸਸਕਾਰ ਗੁਰਦੁਆਰਾ ਸੀਸਗੰਜ ਸਾਹਿਬ ਦੇ ਅਸਥਾਨ 'ਤੇ ਕੀਤਾ ਗਿਆ ਸੀ। ਉਸ ਮਹਾਨ ਪਾਵਨ ਦਿਹਾੜੇ ਨੂੰ ਪਿਛਲੇ ਕੁੱਝ ਸਾਲਾਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਪੰਥ ਦੇ ਮਹਾਨ ਵਿਦਵਾਨ ਗਿਆਨੀ ਪਿੰਦਰਪਾਲ ਸਿੰਘ ਅਤੇ ਸ਼੍ਰੋਮਣੀ ਰਾਗੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲਿਆਂ ਦੇ ਸਹਿਯੋਗ ਨਾਲ ਇਸ ਦਿਹਾੜੇ ਨੂੰ ਵੱਡੇ ਪੱਧਰ 'ਤੇ ਮਨਾਉਣ ਦਾ ਉਪਰਾਲਾ ਕੀਤਾ ਗਿਆ। ਇਸ ਸਾਲ ਇਹ ਦਿਹਾੜਾ 10 ਦਸੰਬਰ ਦਿਨ ਮੰਗਲਵਾਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਮਨਾਇਆ ਜਾ ਰਿਹਾ ਹੈ। ਭਾਈ ਚਾਵਲਾ ਨੇ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਜਿਥੇ ਅੱਜ ਸਾਰੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਉੱਥੇ ਅੱਜ ਸੀਸ ਸਸਕਾਰ ਦਿਵਸ ਦੇ ਸਬੰਧ ਵਿਚ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਅਰੰਭ ਕਰਵਾਏ ਗਏ ਹਨ। ਭਾਈ ਚਾਵਲਾ ਨੇ ਦੱਸਿਆ ਕਿ ਜਿਥੇ ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਵੱਖ ਵੱਖ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ ਸੰਪਰਦਾਵਾਂ ਦੇ ਮਹਾਂਪੁਰਸ਼ ਪੁੱਜ ਰਹੇ ਹਨ ਉੱਥੇ ਪੰਥ ਦੇ ਮਹਾਨ ਵਿਦਵਾਨ ਗਿਆਨੀ ਪਿੰਦਰਪਾਲ ਸਿੰਘ ਸ਼੍ਰੋਮਣੀ ਰਾਗੀ ਭਾਈ ਹਰਜਿੰਦਰ ਸਿੰਘ ਸ੍ਰੀ ਨਗਰ ਵਾਲੇ ਅਤੇ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਵਿੰਦਰ ਸਿੰਘ ਲੋਪੋ ਹਾਜ਼ਰੀ ਭਰਨਗੇ। ਉਨ੍ਹਾ ਦੱਸਿਆ ਕਿ ਇਹ ਸਮਾਗਮ 10 ਦਸੰਬਰ ਨੂੰ ਮੰਗਲਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਜਾਣਗੇ ਉਪਰੰਤ ਗੁਰਮਤ ਸਮਾਗਮ ਸ਼ੁਰੂ ਹੋ ਜਾਵੇਗਾ। ਜੋ ਕਿ ਇੱਕ ਵਜੇ ਬਾਅਦ ਦੁਪਹਿਰ ਤੱਕ ਚੱਲੇਗਾ। ਇਸ ਮੌਕੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਮੈਨੇਜਰ ਮਲਕੀਤ ਸਿੰਘ ਵਧੀਕ ਮੈਨੇਜਰ ਹਰਦੇਵ ਸਿੰਘ ਵੀ ਹਾਜ਼ਰ ਸਨ।

ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸੀਸ ਸਸਕਾਰ ਦਿਵਸ ਨੂੰ ਲੈ ਕੇ ਸ੍ਰੀ ਅਖੰਡ ਪਾਠ ਸਾਹਿਬ ਸ਼ੁਰੂ ਕਰਨ ਮੌਕੇ ਮੈਂਬਰ ਸ਼੍ਰੋਮਣੀ ਕਮੇਟੀ ਭਾਈ ਚਾਵਲਾ ਤੇ ਹੋਰ।

ਜ਼ਿਲ੍ਹਾ ਹੈਂਡਬਾਲ ਐਸੋਸੀਏਸ਼ਨ ਦੇ ਨਵ-ਨਿਯੁਕਤ ਅਹੁਦੇਦਾਰ ਅਤੇ ਮੈਂਬਰ। ਤਸਵੀਰ : ਵਰੁਣ ਲਾਂਬਾ

ਜ਼ਿਲ੍ਹਾ ਹੈਂਡਬਾਲ ਐਸੋਸੀਏਸ਼ਨ ਦੀ ਚੋਣ

ਰੂਪਨਗਰ, 8 ਦਸੰਬਰ (ਯਸ਼ਵੰਤ ਬੱਸੀ)-ਜ਼ਿਲ੍ਹਾ ਹੈਂਡਬਾਲ ਐਸੋਸੀਏਸ਼ਨ ਰੂਪਨਗਰ ਦੀ ਚੋਣ, ਪੰਜਾਬ ਹੈਂਡਬਾਲ ਐਸੋਸੀਏਸ਼ਨ ਵਲੋਂ ਨਾਮਜ਼ਦ ਚੋਣ ਅਬਜ਼ਰਵਰ ਸ਼ਿਵ ਕੁਮਾਰ ਦੀ ਦੇਖ ਰੇਖ 'ਚ ਹੋਈ। ਚੋਣ ਮੀਟਿੰਗ ਵਿਚ ਸਾਰੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਅਗਲੇ ਚਾਰ ਸਾਲਾਂ ਲਈ ਕੀਤੀ ਗਈ, ਜਿਸ ਵਿਚ ਰਵਿੰਦਰਪਾਲ ਸਿੰਘ ਨੂੰ ਐਸੋਸੀਏਸ਼ਨ ਦਾ ਕਾਰਜਕਾਰੀ ਪ੍ਰਧਾਨ ਅਤੇ ਅਮਰੀਕ ਸਿੰਘ ਕਟਵਾਲ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ ਲਛਮਣ ਦਾਸ ਮੰਟੂ ਨੂੰ ਵਾਈਸ ਪ੍ਰਧਾਨ,ਪਰਵਿੰਦਰ ਸਿੰਘ ਨੂੰ ਖ਼ਜ਼ਾਨਚੀ, ਸ੍ਰੀਮਤੀ ਪਰਮਜੀਤ ਕੌਰ ਨੂੰ ਜੁਆਇੰਟ ਸਕੱਤਰ ਅਤੇ ਹੈਂਡਬਾਲ ਕੋਚ ਸਿਮ੍ਰਿਤੀ ਸ਼ਰਮਾ ਨੂੰ ਟੈਕਨੀਕਲ ਐਡਵਾਈਜ਼ਰ ਤੇ ਇੰਚਾਰਜ ਸਿਲੈੱਕਸ਼ਨ ਕਮੇਟੀ ਨਿਯੁਕਤ ਕੀਤਾ ਗਿਆ। ਇਸ ਮੌਕੇ ਗੁਰਬਚਨ ਸਿੰਘ ਸੋਢੀ, ਸ਼ਿਵਰਾਜ ਬੈਂਸ, ਬਲਵਿੰਦਰ ਸਿੰਘ, ਰਾਜਿੰਦਰ ਸਿੰਘ, ਮਨਮੋਹਨ ਸਿੰਘ, ਰਾਜੇਸ਼ ਕੁਮਾਰ, ਜਗਜੀਤ ਸਿੰਘ, ਜਸਵੀਰ ਸਿੰਘ ਅਤੇ ਰਣਜੀਤ ਸਿੰਘ ਆਦਿ ਮੈਂਬਰ ਹਾਜ਼ਰ ਸਨ।

ਕੈਬਨਿਟ ਮੰਤਰੀ ਬੈਂਸ ਨੇ ਵਾਤਾਵਰਨ ਪ੍ਰੇਮੀ ਸੰਤ ਸੀਚੇਵਾਲ ਨਾਲ ਕੀਤੀ ਮੁਲਾਕਾਤ

ਸ੍ਰੀ ਕੀਰਤਪੁਰ ਸਾਹਿਬ/ਢੇਰ, 8 ਦਸੰਬਰ (ਸੰਨੀ/ਕਾਲੀਆ)- ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਰਾਜ ਸਭਾ ਮੈਂਬਰ ਅਤੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਕੀਰਤਪੁਰ ਸਾਹਿਬ ਵਿਚ ਚੱਲ ਰਹੇ ਬਹੁ ਕਰੋੜੀ ਸੀਵਰੇਜ ਟਰੀਟਮੈਂਟ ਪਲਾਂਟ ਅਤੇ ਸਰਕਾਰੀ ਸਿਹਤ ਕੇਂਦਰ ਦੇ ਨਵੀਨੀਕਰਨ ਦੇ ਚੱਲ ਰਹੇ ਕੰਮ ਬਾਰੇ ਜਾਣਕਾਰੀ ਦਿੱਤੀ। ਕੈਬਨਿਟ ਮੰਤਰੀ ਬੈਂਸ ਵਲੋਂ ਸੰਤ ਸੀਚੇਵਾਲ ਦਾ ਸਰਕਾਰੀ ਸਿਹਤ ਕੇਂਦਰ ਕੀਰਤਪੁਰ ਸਾਹਿਬ ਲਈ 50 ਲੱਖ ਰੁਪਏ ਦੇਣ ਦੇ ਫ਼ੈਸਲੇ ਲਈ ਧੰਨਵਾਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਥਲੂਹ ਵਿਖੇ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਨਾਮ ਤੇ ਖੇਡ ਮੈਦਾਨ ਤੇ ਖੇਡ ਪਾਰਕ ਦਾ ਨਿਰਮਾਣ ਕੀਤਾ ਜਾਵੇਗਾ। ਜਿਸ ਲਈ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਵਲੋਂ 1 ਕਰੋੜ ਰੁਪਏ ਦੀ ਗ੍ਰਾਂਟ ਦੇਣ ਦਾ ਭਰੋਸਾ ਦਿੱਤਾ ਗਿਆ। ਦੱਸਣਯੋਗ ਹੈ ਕਿ ਹਲਕੇ ਦੇ ਵਿਕਾਸ ਲਈ ਉਹ ਕਰੋੜਾਂ ਰੁਪਏ ਮਨਜ਼ੂਰ ਕਰਵਾ ਚੁੱਕੇ ਹਨ। ਪੰਜਾਬ ਸਰਕਾਰ ਵਲੋਂ ਪੰਜ ਪਿਆਰਾ ਪਾਰਕ, ਭਾਈ ਜੈਤਾ ਜੀ ਯਾਦਗਾਰ, ਯਾਤਰੀ ਸੂਚਨਾ ਕੇਂਦਰ, ਫਾਇਰ ਟੈਂਡਰ ਤਿਆਰ ਕਰਵਾਏ ਗਏ ਹਨ। ਬਹੁਤ ਸਾਰੇ ਪ੍ਰੋਜੈਕਟ ਲੋਕ ਅਰਪਣ ਹੋ ਚੁੱਕੇ ਹਨ ਜਾਂ ਮੁਕੰਮਲ ਹੋਣ ਨੇੜੇ ਹਨ। ਜਿਨ੍ਹਾਂ ਨਾਲ ਇਸ ਇਲਾਕੇ ਦੀ ਨੁਹਾਰ ਬਦਲ ਰਹੀ ਹੈ। ਚੰਗਰ ਦੇ ਨੀਮ ਪਹਾੜੀ ਖੇਤਰ ਦੇ ਕੋਨੇ ਕੋਨੇ ਤੱਕ ਪਾਣੀ ਪਹੁੰਚਾਉਣ ਲਈ ਵਿਆਪਕ ਯੋਜਨਾ 'ਤੇ ਕੰਮ ਸ਼ੁਰੂ ਹੋ ਚੁੱਕਾ ਹੈ। ਲਖੇੜ ਵਿਚ ਆਧੁਨਿਕ ਪ੍ਰਾਇਮਰੀ ਸਕੂਲ ਲਗਭਗ ਮੁਕੰਮਲ ਹੈ ਅਤੇ ਹੋਰ ਬਹੁਤ ਸਾਰੇ ਛੋਟੇ ਵੱਡੇ ਕੰਮ ਮੁਕੰਮਲ ਹੋਣ ਦੀ ਕਗਾਰ 'ਤੇ ਹਨ। ਸਿੱਖਿਆ ਦੇ ਖੇਤਰ ਵਿਚ ਵੀ ਸਰਕਾਰੀ ਸਕੂਲ ਹੁਣ ਵੱਡੇ ਆਯਾਮ ਸਥਾਪਿਤ ਕਰ ਰਹੇ ਹਨ।

ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵਾਤਾਵਰਨ ਪ੍ਰੇਮੀ ਸੰਤ ਸੀਚੇਵਾਲ ਨੂੰ ਸਨਮਾਨਿਤ ਕਰਦੇ ਹੋਏ।

ਸੀਨੀਅਰ ਸਿਟੀਜ਼ਨ ਕੌਂਸਲ ਮੋਰਿੰਡਾ ਵਲੋਂ ਕਰਵਾਇਆ ਧਾਰਮਿਕ ਸਮਾਗਮ

ਮੋਰਿੰਡਾ, 8 ਦਸੰਬਰ (ਤਰਲੋਚਨ ਸਿੰਘ ਕੰਗ)-ਸੀਨੀਅਰ ਸਿਟੀਜ਼ਨ ਕੌਂਸਲ ਮੋਰਿੰਡਾ ਵਲੋਂ ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਖ਼ਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਮੋਰਿੰਡਾ ਵਿਖੇ ਸ਼ਹੀਦੀ ਪੰਦ੍ਰਹਵਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੌਂਸਲ ਦੇ ਪ੍ਰਧਾਨ ਅਮਰਜੀਤ ਸਿੰਘ ਕੰਗ ਨੇ ਦੱਸਿਆ ਕਿ ਸਮਾਗਮ ਵਿਚ ਇਤਿਹਾਸਕਾਰ ਰਾਜਿੰਦਰ ਸਿੰਘ ਕੁਰਾਲੀ ਵਲੋਂ ਮੁੱਖ ਬੁਲਾਰੇ ਵਜੋਂ ਸ਼ਮੂਲੀਅਤ ਕੀਤੀ ਅਤੇ ਉਹਨਾਂ ਸਾਹਿਬਜ਼ਾਦਿਆਂ ਅਤੇ ਸਿੰਘਾਂ ਵਲੋਂ ਦਿੱਤੀਆਂ ਸ਼ਹਾਦਤਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸਮਾਗਮ ਦੌਰਾਨ ਡਾ. ਰਾਜਿੰਦਰ ਸਿੰਘ, ਹਰਪਾਲ ਸਿੰਘ ਦਤਾਰਪੁਰ ਅਤੇ ਕੌਂਸਲ ਦੇ ਕੁੱਝ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਰਜਕਾਰਨੀ ਮੈਂਬਰ ਕਰਨਲ ਮਲਕੀਤ ਸਿੰਘ, ਜਗਦੀਸ਼ ਕੁਮਾਰ ਵਰਮਾ, ਗੁਰਦੇਵ ਸਿੰਘ ਤੂਰ, ਹਰਵਿੰਦਰ ਸਿੰਘ ਸਿੱਧੂ, ਪਰਮਾਤਮਾ ਸਿੰਘ ਢੀਂਡਸਾ, ਦਵਿੰਦਰ ਸਿੰਘ ਧਾਲੀਵਾਲ, ਹਰਮੀਤ ਸਿੰਘ ਪਨੈਚਾਂ, ਪ੍ਰੋ. ਰਮੇਸ਼ ਕੁਮਾਰ ਢੰਡ ਆਦਿ ਮੌਜੂਦ ਸਨ।

ਸਮਾਗਮ ਉਪਰੰਤ ਸੀਨੀਅਰ ਸਿਟੀਜ਼ਨ ਕੌਂਸਲ ਮੋਰਿੰਡਾ ਦੇ ਮੈਂਬਰ।

ਸਮਾਰੋਹ ਦੌਰਾਨ ਬੱਚਿਆਂ ਦਾ ਸਨਮਾਨ ਕਰਦੇ ਤੇ ਸੰਬੋਧਨ ਕਰਦੇ ਹੋਏ ਵੇਦਾਂਤ ਆਚਾਰੀਆ ਸਵਾਮੀ ਚੇਤਨਾਨੰਦ ਮਹਾਰਾਜ ਭੂਰੀਵਾਲੇ ਅਤੇ ਪ੍ਰੋਗਰਾਮ ਪੇਸ਼ ਕਰਦੇ ਹੋਏ ਬੱਚੇ। ਤਸਵੀਰਾਂ : ਵਿੰਦਰਪਾਲ ਝਾਂਡੀਆਂ।

ਯਾਦਗਾਰੀ ਹੋ ਨਿੱਬੜਿਆ ਭੂਰੀਵਾਲੇ ਪਬਲਿਕ ਸਕੂਲ ਟਿੱਬਾ ਨੰਗਲ ਦਾ ਸਲਾਨਾ ਇਨਾਮ ਵੰਡ ਸਮਾਰੋਹ

ਵਿਦਿਆਰਥੀ ਦਾ ਜੀਵਨ ਤਪੱਸਵੀ ਦੀ ਤਰ੍ਹਾਂ ਹੈ-ਵੇਦਾਂਤ ਆਚਾਰੀਆ ਸਵਾਮੀ ਚੇਤਨਾ ਨੰਦ ਭੂਰੀਵਾਲੇ

ਨੂਰਪੁਰ ਬੇਦੀ, 8 ਦਸੰਬਰ (ਵਿੰਦਰਪਾਲ ਝਾਂਡੀਆਂ)-ਸ੍ਰੀ ਸਤਿਗੁਰੂ ਵੇਦਾਂਤ ਆਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀ ਵਾਲਿਆਂ ਦੀ ਰਹਿਨੁਮਾਈ ਹੇਠ ਮਹਾਰਾਜ ਬ੍ਰਹਮ ਸਾਗਰ ਬ੍ਰਹਮਾਨੰਦ ਭੂਰੀਵਾਲੇ ਗਰੀਬਦਾਸੀ ਪਬਲਿਕ ਸਕੂਲ ਦਾ ਕਰਵਾਇਆ ਗਿਆ ਸਲਾਨਾ ਇਨਾਮ ਵੰਡ ਸਮਾਰੋਹ ਯਾਦਗਾਰੀ ਹੋ ਨਿੱਬੜਿਆ। ਸਮਾਰੋਹ ਦਾ ਆਗਾਜ਼ ਮੁੱਖ ਮਹਿਮਾਨ ਸ੍ਰੀ ਸਤਿਗੁਰੂ ਬ੍ਰਹਮ ਸਾਗਰ ਮਹਾਰਾਜ ਭੂਰੀਵਾਲੇ ਗੁਰਗੱਦੀ ਪਰੰਪਰਾ ਦੇ ਮੌਜੂਦਾ ਗੱਦੀਨਸ਼ੀਨ ਸ੍ਰੀ ਸਤਿਗੁਰੂ ਵੇਦਾਂਤ ਆਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆ ਨੇ ਮੰਗਲਾ ਚਰਨ ਉਚਾਰਨ ਕਰਨ ਉਪਰੰਤ ਜੋਤੀ ਪ੍ਰਚੰਡ ਕਰਕੇ ਕੀਤਾ। ਇਸ ਤੋਂ ਬਾਅਦ ਸਕੂਲ ਦੇ ਵਿਦਿਆਰਥੀਆਂ ਨੇ ਆਜ਼ਾਦੀ ਤੇ ਐਜੂਕੇਸ਼ਨ ਵਿਸ਼ਿਆਂ ਨਾਲ ਸੰਬੰਧਿਤ ਕੋਰੀਓਗ੍ਰਾਫੀ ਤੇ ਸਕਿੱਟਾਂ ਦੀ ਬਹੁਤ ਹੀ ਸ਼ਾਨਦਾਰ ਪੇਸ਼ਕਾਰੀ ਨਾਲ ਪ੍ਰੋਗਰਾਮ ਨੂੰ ਸਿਖ਼ਰਾਂ ਤੇ ਪਹੁੰਚਾਇਆ। ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਨਾਟਕ ਵੀ ਸਮਾਜਿਕ ਪੱਧਰ 'ਤੇ ਡਿਗਦੀ ਗਿਰਾਵਟ ਨੂੰ ਸੁਧਾਰਨ ਲਈ ਵਿਦਿਆਰਥੀਆਂ ਨੇ ਬਹੁਤ ਹੀ ਵੱਖਰੇ ਢੰਗ ਨਾਲ ਮੰਚ ਤੇ ਪੇਸ਼ ਕੀਤਾ ਗਿਆ। ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਸਕੂਲ ਦੀ ਸਲਾਨਾ ਗਤੀਵਿਧੀਆਂ ਦੀ ਪ੍ਰਾਪਤੀ ਸੰਬੰਧੀ ਰਿਪੋਰਟ ਪੜ੍ਹੀ। ਇਸ ਮੌਕੇ 'ਤੇ ਵੇਦਾਂਤ ਆਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆ ਨੇ ਆਪਣੇ ਅਨਮੋਲ ਪ੍ਰਵਚਨਾਂ ਦੁਆਰਾ ਕਿਹਾ ਕਿ ਵਿਦਿਆਰਥੀ ਦਾ ਜੀਵਨ ਤਪੱਸਵੀ ਦੀ ਤਰਾਂ ਹੈ,ਮਿਹਨਤ ਕਰਨ ਤੋਂ ਬਾਅਦ ਉਸਨੂੰ ਫਲ ਮਿਲਦਾ ਹੈ। ਆਚਾਰੀਆ ਜੀ ਨੇ ਬੱਚਿਆਂ ਨੂੰ ਪੜਾਈ ਲਈ ਮਿਹਨਤ, ਲਗਨ ਨਾਲ ਕਰਨ ਲਈ ਪ੍ਰੇਰਿਤ ਕੀਤਾ। ਆਚਾਰੀਆ ਜੀ ਨੇ ਇਸ ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਵਲੋਂ ਵੱਖ-ਵੱਖ ਵਿਸ਼ਿਆਂ ਤੇ ਕੀਤੀਆਂ ਸ਼ਾਨਦਾਰ ਪੇਸ਼ਕਾਰੀ ਤੋਂ ਖ਼ੁਸ਼ ਹੋ ਕੇ ਖ਼ੂਬ ਪ੍ਰਸੰਸਾ ਕੀਤੀ ਤੇ ਅਸ਼ੀਰਵਾਦ ਦਿੱਤਾ। ਉਪਰੰਤ ਆਚਾਰੀਆ ਜੀ ਨੇ ਸਿੱਖਿਆ ਤੇ ਖੇਡਾਂ ਤੋਂ ਇਲਾਵਾ ਹਰ ਖੇਤਰ ਵਿਚ ਮੱਲ੍ਹਾਂ ਮਾਰਨ ਵਾਲੇ ਬੱਚਿਆਂ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਆਏ ਸਾਰਿਆ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਮਹਾਰਾਜ ਭੂਰੀਵਾਲੇ ਵਿੱਦਿਅਕ ਟਰੱਸਟ ਅਹੁਦੇਦਾਰ, ਮੈਂਬਰ ਤੋਂ ਇਲਾਵਾ ਕਾਲਜ ਤੇ ਦੋਵੇਂ ਸਕੂਲਾਂ ਦਾ ਸਮੂਹ ਸਟਾਫ਼ ਹਾਜ਼ਰ ਸੀ।

ਬੇਲਾ ਕਾਲਜ ਵਿਖੇ ਸੈਣੀ ਚੈਰੀਟੇਬਲ ਟਰੱਸਟ ਨੇ ਵਜ਼ੀਫ਼ੇ ਵੰਡੇ

ਬੇਲਾ, 8 ਦਸੰਬਰ (ਮਨਜੀਤ ਸਿੰਘ ਸੈਣੀ)-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਵਿਖੇ ਸੈਣੀ ਚੈਰੀਟੇਬਲ ਟਰੱਸਟ ਨੇ ਸੰਸਥਾ ਦੇ 27 ਵਿਦਿਆਰਥੀਆਂ ਨੂੰ ਵਿੱਤੀ ਮੱਦਦ ਪ੍ਰਦਾਨ ਕੀਤੀ। ਇਸ ਸਬੰਧੀ ਵਿਸਤ੍ਰਿਤ ਰੂਪ ਵਿਚ ਚਾਨਣਾ ਪਾਉਂਦਿਆਂ ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਸੰਸਥਾ ਅਤੇ ਸੈਣੀ ਚੈਰੀਟੇਬਲ ਟਰੱਸਟ ਦਾ ਬਹੁਤ ਹੀ ਪੁਰਾਣਾ ਤੇ ਨਿੱਘਾ ਸੰਬੰਧ ਹੈ। ਟਰੱਸਟ ਵਲੋਂ ਹਰ ਵਰ੍ਹੇ ਲੋੜਵੰਦ, ਹੁਸ਼ਿਆਰ ਅਤੇ ਆਰਥਿਕ ਪੱਖੋਂ ਕਮਜ਼ੋਰ ਵਰਗ ਦੇ ਵਿਦਿਆਰਥੀਆਂ ਲਈ ਵਜ਼ੀਫ਼ੇ ਦੇ ਰੂਪ ਵਿਚ ਵਿੱਤੀ ਮਦਦ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸੰਸਥਾ ਵਿਚ ਵਿਸ਼ੇਸ਼ ਤੌਰ 'ਤੇ ਡਾ. ਅਜਮੇਰ ਸਿੰਘ ਤੰਬੜ ਚੇਅਰਮੈਨ ਅਤੇ ਪ੍ਰਧਾਨ ਤੇ ਡਾ. ਜਸਵੰਤ ਕੌਰ ਸੈਣੀ ਜੁਆਇੰਟ ਸਕੱਤਰ ਸੈਣੀ ਟਰੱਸਟ ਵਲੋਂ ਪੁੱਜੇ। ਉਹਨਾਂ ਨੇ ਸੰਸਥਾ ਦੇ 27 ਵਿਦਿਆਰਥੀਆਂ ਨੂੰ ਇੱਕ ਲੱਖ 71 ਹਜ਼ਾਰ ਰੁਪਏ ਦੀ ਮਾਲੀ ਮੱਦਦ ਪ੍ਰਦਾਨ ਕੀਤੀ। ਇਸ ਮੌਕੇ ਡਾ. ਅਜਮੇਰ ਸਿੰਘ ਨੇ ਵਜ਼ੀਫਾ ਰਾਸ਼ੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮਿਹਨਤ ਅਤੇ ਲਗਨ ਦੇ ਜ਼ਰੀਏ ਆਪਣੇ ਜ਼ਿੰਦਗੀ ਦੇ ਨਿਸ਼ਾਨਿਆਂ ਤੇ ਪੁੱਜਣ ਦੀ ਨਸੀਹਤ ਕੀਤੀ। ਉਹਨਾਂ ਇਹ ਵੀ ਕਿਹਾ ਕਿ ਇਹ ਮੱਦਦ ਹਰ ਵਰਗ ਦੇ ਜ਼ਰੂਰਤਮੰਦ ਵਿਦਿਆਰਥੀ ਨੂੰ ਦੇਣ ਲਈ ਸੈਣੀ ਟਰੱਸਟ ਵਚਨਬੱਧ ਹੈ। ਕਾਲਜ ਪ੍ਰਿੰਸੀਪਲ ਡਾ. ਸ਼ਾਹੀ ਨੇ ਟਰੱਸਟ ਦੇ ਪ੍ਰਧਾਨ ਅਤੇ ਸੁਯੰਕਤ ਸਕੱਤਰ ਦਾ ਧੰਨਵਾਦ ਵਿਅਕਤ ਕੀਤਾ। ਇਸ ਮੌਕੇ ਡਾ. ਮਮਤਾ ਅਰੋੜਾ, ਪ੍ਰੋ. ਸੁਨੀਤਾ ਰਾਣੀ, ਪ੍ਰੋ. ਰਾਕੇਸ਼ ਜੋਸ਼ੀ, ਡਾ. ਹਰਪ੍ਰੀਤ ਕੌਰ, ਪ੍ਰੋ. ਇਸ਼ੂ ਬਾਲਾ ਤੇ ਲਾਭਪਾਤਰੀ ਮੌਜੂਦ ਸਨ।

ਸੈਣੀ ਚੈਰੀਟੇਬਲ ਟਰੱਸਟ ਰੋਪੜ ਦੇ ਡਾ. ਅਜਮੇਰ ਸਿੰਘ ਤੰਬੜ ਅਤੇ ਬੇਲਾ ਕਾਲਜ ਦੇ ਸੇਵਾ ਮੁਕਤ ਪ੍ਰੋਫੈਸਰ ਡਾ. ਜਸਵੰਤ ਕੌਰ